# ਦਫ਼ਤਰ ਡਾਇਰੈਕਟਰ ਜਨਰਲ ਸਕੂਲ ਸਿੱਖਿਆ ਵਿਭਾਗ,ਪੰਜਾਬ
## ਸਰਵ ਸਿੱਖਿਆ ਅਭਿਆਨ ਅਥਾਰਟੀ (ਪੰਜਾਬ)

ਐਸ.ਸੀ.ਓ.ਨੰ:104-106, ਦੂਜੀ ਅਤੇ ਤੀਜੀ ਮੰਜ਼ਿਲ ਸੈਕਟਰ 34-ਏ ਚੰਡੀਗੜ੍ਹ।

ਵੱਲ

1. ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ.)।
2. ਸਮੂਹ ਜ਼ਿਲ੍ਹਾ ਸਾਇੰਸ ਸੁਪਰਵਾਈਜ਼ਰ।
3. ਸਮੂਹ ਸਕੂਲ ਮੁੱਖੀ (ਵੈੱਬ-ਸਾਈਟ ਰਾਹੀਂ)।

ਮੀਮੋ ਨੰ:ਸਸਅ/ਐਮਸੀ/2011/3213-3249
ਮਿਤੀ,ਚੰਡੀਗੜ੍ਹ 17-01-2011

ਵਿਸ਼ਾ :- ਸਮੂਹ ਸਕੂਲ ਮੁੱਖੀਆਂ ਵੱਲੋਂ ਸਿੱਖਿਆ ਦੇ ਗੁਣਾਤਮਕ ਸੁਧਾਰ ਲਈ ਕੀਤੇ ਪ੍ਰੋਗਰਾਮਾਂ ਵੱਲ ਵਿਸ਼ੇਸ਼ ਧਿਆਨ ਦੇਣ ਸਬੰਧੀ।

1.0 ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ।

2.0 ਸਮੇਂ ਸਮੇਂ ਤੇ ਫੀਲਡ ਵਿੱਚੋਂ ਆਈ ਮੰਗ ਨੂੰ ਧਿਆਨ ਵਿੱਚ ਰੱਖਦੇ ਹੋਏ ਸਕੂਲ ਸਿੱਖਿਆ ਵਿਭਾਗ, ਪੰਜਾਬ ਵੱਲੋਂ ਚਲਾਏ ਜਾ ਰਹੇ ਸਿੱਖਿਆ ਦੇ ਗੁਣਾਤਮਕ ਸੁਧਾਰ ਦੇ ਪ੍ਰੋਗਰਾਮਾਂ ਜਿਵੇਂ ਕਿ ਸਾਇੰਸ, ਮੈਥ ਵਿਸ਼ਿਆਂ ਦੇ ਕੁਇਜ਼ ਮੁਕਾਬਲੇ ਦੀ ਪ੍ਰਤੀਯੋਗੀ, ਪਹਾੜਿਆਂ ਦੇ ਮੁਕਾਬਲੇ, ਕੁਇਜ਼ ਕੰਪੀਟੀਸ਼ਨ ਅਤੇ ਅੰਗਰੇਜ਼ੀ ਵਿਸ਼ੇ ਪੜ੍ਹਾਈ, ਲਿਖਾਈ ਦੇ ਛੋਟੇ-ਛੋਟੇ ਮੁਕਾਬਲੇ, ਪੀ.ਟੀ.ਐਸ.ਸੀ.ਈ.(**PTSCE**) ਦੀ ਤਿਆਰੀ, ਇੰਸਪਾਇਰ ਐਵਾਰਡ ਦੇ ਮਾਡਲਾਂ ਦੀ ਤਿਆਰੀ ਵਿੱਚ ਕੋਈ ਧਿਆਨ ਨਹੀਂ ਦਿੱਤਾ ਜਾਂਦਾ। ਜਦੋਂ ਕਿ ਵਿਸ਼ਾ ਅਧਿਆਪਕਾਂ ਵੱਲੋਂ ਕੁੱਝ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ ਪਰ ਸਕੂਲ ਮੁੱਖੀ ਨੂੰ ਇਨ੍ਹਾਂ ਕੋਸ਼ਿਸ਼ਾਂ ਦੀ ਕੋਈ ਜਾਣਕਾਰੀ ਨਹੀਂ ਹੁੰਦੀ ਅਤੇ ਨਾ ਹੀ ਉਸ ਵੱਲੋਂ ਕੋਈ ਧਿਆਨ ਦਿੱਤਾ ਜਾਂਦਾ ਹੈ ਜਦੋਂ ਕਿ ਪ੍ਰਬੰਧੀ ਕੰਮਾਂ ਤੋਂ ਇਲਾਵਾ ਸਕੂਲ ਮੁੱਖੀ ਦਾ ਅਕਾਦਮਿਕ ਕਿਰਿਆਵਾਂ ਵੱਲ ਧਿਆਨ ਦੇਣ ਦਾ ਇੱਕ ਅਹਿਮ ਰੋਲ ਹੁੰਦਾ ਹੈ।

3.0 ਉਪਰੋਕਤ ਸਬੰਧੀ ਪਾਈ ਗਈ ਅਣਗਹਿਲੀ ਵਿਦਿਆਰਥੀਆਂ ਦੀ ਸਰਵ-ਵਿਆਪੀ ਪ੍ਰਗਤੀ ਵਿੱਚ ਰੁਕਾਵਟ ਬਣਦੀ ਹੈ।

4.0 ਆਪ ਨੂੰ ਲਿਖਿਆ ਜਾਂਦਾ ਹੈ ਕਿ ਸਮੂਹ ਸਕੂਲ ਮੁੱਖੀਆਂ ਨੂੰ ਹਦਾਇਤ ਕੀਤੀ ਜਾਵੇ ਕਿ ਸਿੱਖਿਆ ਦੇ ਗੁਣਾਤਮਕ ਸੁਧਾਰ ਲਈ ਕੀਤੇ ਪ੍ਰੋਗਰਾਮਾਂ ਵੱਲ ਪੂਰੀ ਤਰ੍ਹਾਂ ਧਿਆਨ ਦਿੱਤਾ ਜਾਵੇ।

5.0 ਉਪਰੋਕਤ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕੀਤੀ ਜਾਵੇ।

ਡਾਇਰੈਕਟਰ ਜਨਰਲ ਸਕੂਲ ਸਿੱਖਿਆ
ਪੰਜਾਬ,ਚੰਡੀਗੜ੍ਹ